ਨੰ:2/78/2007-2ਸਿ:3/ 17690

ਪੰਜਾਬ ਸਰਕਾਰ
ਸਿੱਖਿਆ ਵਿਭਾਗ
(ਸਿੱਖਿਆ-3-ਸ਼ਾਖਾ)

ਸੇਵਾ ਵਿਖੇ,

ਪ੍ਰਿੰਸੀਪਲ,
ਬੀ.ਸੀ.ਐਮ. ਸਕੂਲ,
ਬਸੰਤ ਸਿਟੀ,
ਜ਼ਿਲ੍ਹਾ: ਲੁਧਿਆਣਾ।

ਮਿਤੀ,ਚੰਡੀਗੜ੍ਹ: 28/6/2007

**ਵਿਸ਼ਾ:- ਬੀ.ਸੀ.ਐਮ. ਸਕੂਲ, ਬਸੰਤ ਸਿਟੀ, (ਲੁਧਿਆਣਾ) ਨੂੰ ਸੀ.ਬੀ.ਐਸ.ਈ., ਨਵੀਂ ਦਿੱਲੀ ਨਾਲ ਐਫੀਲੀਏਸ਼ਨ ਲੈਣ ਲਈ ਇਤਰਾਜ਼ਹੀਣਤਾ ਸਰਟੀਫਿਕੇਟ ਜਾਰੀ ਕਰਨ ਬਾਰੇ।**

*****

ਸ੍ਰੀਮਾਨ ਜੀ,

ਉਪਰੋਕਤ ਵਿਸ਼ੇ ਦੇ ਹਵਾਲੇ ਵਿੱਚ।

2. ਆਪਦੇ ਸਕੂਲ ਦੀ ਮੈਨੇਜਮੈਂਟ ਵੱਲੋਂ ਪੇਸ਼ ਕੀਤੇ ਗਏ ਦਸਤਾਵੇਜ਼ਾਂ ਸਮੇਤ ਹਲਫੀਆ ਬਿਆਨ, ਜ਼ਿਲ੍ਹਾ ਸਿੱਖਿਆ ਅਫਸਰ (ਸੈ:ਸਿ:) , ਲੁਧਿਆਣਾ ਅਤੇ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ), ਪੰਜਾਬ, ਚੰਡੀਗੜ੍ਹ ਦੀਆਂ ਸਿਫਾਰਸ਼ਾਂ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵੱਲੋਂ ਲੋੜੀਂਦਾ ਇਤਰਾਜ਼ਹੀਣਤਾ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਦਿੱਤਾ ਜਾਂਦਾ ਹੈ:-

1. ਭਵਿੱਖ ਵਿੱਚ ਕਿਸੇ ਵੀ ਸ਼ਿਕਾਇਤ/ਇੰਸਪੈਕਸ਼ਨ ਹੋਣ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵੱਲੋਂ ਇਤਰਾਜ਼ਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾਂ ਦੇ ਆਧਾਰ ਤੇ ਦਰਖਾਸਤ ਦਿੱਤੀ ਗਈ ਹੈ ਅਤੇ ਜਾਂ ਪੰਜਾਬ ਸਰਕਾਰ ਵੱਲੋਂ ਸਮੇਂ-ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵੱਲੋਂ ਪਾਲਣਾ ਨਹੀਂ ਕੀਤੀ ਜਾਂਦੀ ਅਤੇ ਇਸ ਤਰ੍ਹਾਂ ਹਲਫੀਆ ਬਿਆਨ ਵਿੱਚ ਦਿੱਤੀਆਂ ਲਿਖਤੀ ਸ਼ਰਤਾਂ ਨੂੰ ਨਹੀਂ ਮੰਨਿਆ ਜਾਂਦਾ ਰਿਹਾ, ਤਾਂ ਅਜਿਹੇ ਹਾਲਤ ਵਿੱਚ ਕਿਸੇ ਵੀ ਸਮੇਂ ਇਹ ਇਤਰਾਜ਼ਹੀਣਤਾ ਸਰਟੀਫਿਕੇਟ ਵਾਪਿਸ ਲਿਆ ਜਾ ਸਕਦਾ ਹੈ।

2. ਆਪ ਦੇ ਸਕੂਲ ਵਿੱਚ ਪੰਜਾਬੀ ਨੂੰ ਪੜ੍ਹਾਉਣਾ ਦਸਵੀਂ ਪੱਧਰ ਤੱਕ ਲਾਜ਼ਮੀ ਹੋਵੇਗਾ ਅਤੇ ਸੀ.ਬੀ.ਐਸ.ਈ. ਨਵੀਂ ਦਿੱਲੀ ਅਜਿਹੇ ਸਕੂਲਾਂ ਵਿੱਚ ਪੰਜਾਬੀ ਦਾ ਇਮਤਿਹਾਨ ਲੈਣ ਦਾ ਉਪਰਾਲਾ ਲਾਜ਼ਮੀ ਕਰੇਗਾ ਅਤੇ ਇਸ ਦੇ ਨਾਲ ਹੀ ਇਹ ਵੀ ਕਿਹਾ ਜਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜ਼ਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

ਚਲਦਾ ਪੰਨਾ--2

3. ਸੀ.ਬੀ.ਐਸ.ਈ. ਨਵੀਂ ਦਿੱਲੀ ਦੀ ਐਫੀਲੀਏਸ਼ਨ ਲੈਣ ਉਪਰੰਤ ਸਕੂਲ ਦੀ ਮੈਨੇਜਮੈਂਟ ਸਕੂਲ ਦੇ ਟੀਚਿੰਗ ਸਟਾਫ ਅਤੇ ਨਾਨ ਟੀਚਿੰਗ ਸਟਾਫ ਨੰ ਸਰਕਾਰੀ ਕਰਮਚਾਰੀਆਂ ਵਾਂਗ ਤਨਖਾਹ ਅਤੇ ਹੋਰ ਭੱਤੇ ਆਦਿ ਦੇਣ ਲਈ ਵਚਨਬੱਧ ਹੋਵੇਗੀ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜ਼ਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

4. ਤੁਸੀਂ ਖੁਦ ਤੇ ਤੁਹਾਡੀ ਮੈਨੇਜਮੈਂਟ ਇਹ ਵੀ ਯਕੀਨੀ ਬਣਾਏਗੀ ਕਿ ਤੁਹਾਡੇ ਜ਼ਿਲ੍ਹੇ ਦੇ ਜ਼ਿਲ੍ਹਾ ਸਿੱਖਿਆ ਅਫਸਰ ਵੱਲੋਂ ਜਾਂ ਸਿੱਖਿਆ ਵਿਭਾਗ ਦੇ ਕਿਸੇ ਸੀਨੀਅਰ ਅਧਿਕਾਰੀ ਵੱਲੋਂ ਜਦੋਂ ਵੀ ਕਿਸੇ ਤਰ੍ਹਾਂ ਦੀ ਸੂਚਨਾਂ ਦੀ ਮੰਗ ਕੀਤੀ ਜਾਂਦੀ ਹੈ ਤਾਂ ਉਸਨੂੰ ਲੋੜੀਂਦੀ ਸੂਚਨਾਂ ਉਪਲਬੱਧ ਕਰਵਾਈ ਜਾਵੇਗੀ ਅਤੇ ਨਾਲ ਹੀ ਲੋੜੀਂਦਾ ਸਹਿਯੋਗ ਵੀ ਦਿੱਤਾ ਜਾਵੇਗਾ।

ਸੰਯੁਕਤ ਸਕੱਤਰ ਸਕੂਲ ਸਿੱਖਿਆ

ਪਿੱਠ ਅੰਕਣ ਨੰ: 2/78/2007-2ਸਿ:3/ ਮਿਤੀ,ਚੰਡੀਗੜ੍ਹ:

ਉਤਾਰਾ ਡਾਇਰੈਕਟਰ, ਸਿੱਖਿਆ ਵਿਭਾਗ (ਸੈ.ਸਿ), ਪੰਜਾਬ, ਚੰਡੀਗੜ੍ਹ ਨੂੰ ਉਨ੍ਹਾਂ ਦੇ ਮੀਮੋ ਨੰ :15/40-2007-ਗਰਾਂਟ-1(3) ਮਿਤੀ 15-6-07 ਦੇ ਹਵਾਲੇ ਵਿੱਚ ਭੇਜ ਕੇ ਬੇਨਤੀ ਕੀਤੀ ਜਾਂਦੀ ਹੈ ਕਿ ਉਪਰੋਕਤ ਸਕੂਲ ਦੀ ਹਰ ਪੰਜ ਸਾਲ ਵਿੱਚ ਘੱਟੋ-ਘੱਟ ਇੱਕ ਵਾਰ ਇੰਸਪੈਕਸਨ ਹਰ ਹਾਲਤ ਵਿੱਚ ਕਰਵਾਈ ਜਾਵੇ ਅਤੇ ਇੰਸਪੈਕਸ਼ਨ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ ਤਾਂ ਜੋ ਇਹ ਪਤਾ ਲਗਦਾ ਰਹੇ ਕਿ ਸਬੰਧਤ ਸਕੂਲ,ਪੰਜਾਬ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਦਾ ਰਿਹਾ ਹੈ ਜਾਂ ਨਹੀਂ।

ਸੰਯੁਕਤ ਸਕੱਤਰ ਸਕੂਲ ਸਿੱਖਿਆ

English Version of N.O.C. from Punjabi Language
No- 2/78/2007-2Edu.3/17690
Punjab Government
Education Department
( Education – 3 Branch)

To
The Principal
B.C.M. School
Basant City
Distt. Ludhiana
Date, Chandigarh: 28/06/2007

Subject: Issuance of No Objection Certificate to get affiliation with CBSE, New Delhi for B.C.M.School, Basant City, Ludhiana.

Sir/Madam,

With reference to the above mentioned subject after detailed scrutiny of the documents including affidavits supplied by your school management and the recommendations made by DEO (Sec. Edu.) Ludhiana and DPI (Sec. Edu.) Punjab, the No Objection Certificate is being issued by the Punjab Govt. on the following conditions: -

(1) On the basis of any complaint/inspection in future, if any fact comes into the knowledge of Punjab Govt. that you have given false information at the time of applying for N.O.C. and the directions issued by Punjab Govt. from time to time have not been fully obeyed and the conditions laid down in the affidavits are not compiled with then under these circumstances the No Objection Certificate so issued can be withdrawn at any time.

(2) Teaching of Punjabi language up to class X will be compulsory in your school and CBSE, New Delhi will make due arrangements to conduct the exam of Punjabi in such schools. In case this condition is not obeyed the N.O.C. so issued will be withdrawn.

(3) After getting affiliation from CBSE, New Delhi your school management will pay salaries to the teaching and non-teaching staff at par with Govt. Employees. In case it is not done so the N.O.C. can be withdrawn at any time.

(4) You and your management will make sure that in case any information is demanded by your District Education Officer or any Senior officer of Education Department then you will supply the required information and will co-operate with him.

Sd/-
Joint Secretary School Education

Endorsement No- 2/78/2007-2Edu.3/ Dated, Chandigarh

Copy forwarded to Director Education Department (S) Punjab, Chandigarh vide their memo No.- 15/40-2007- Grant- 1(3) Dated 15-06-2007 and requested to inspect the above said school at least once in five years and the inspection report be sent to the Government so that it may come to the notice that the concerned school is complying with or not the instructions issued by the Punjab Govt.

Sd/-
Joint Secretary School Education

NOTARY R.S. MAKKAR ADVOCATE AREA LUDHIANA DISTT. GOVT. OF INDIA

True Translation From Punjabi ~~Hindi Urdu~~ into English
Ravinder Singh Makkar
Advocate, Notary Public
Ludhiana Punjab India
Mobile : 92177-71664
29 JUN 2007

INDIA FIVE RUPEES NOTARIAL